ਕਰਮ ਖੰਡ ਕੀ ਬਾਣੀ ਜੋਰੁ ॥ ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ
ਮਹਾਬਲ ਸੂਰ ॥ ਤਿਨ ਮਹਿ ਰਾਮੁ ਰਹਿਆ ਭਰਪੂਰ ॥ ਤਿਥੈ ਸੀਤੋ
ਸੀਤਾ ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ ਜਾਹਿ ॥ ਨਾ ਓਹਿ
ਮਰਹਿ ਨ ਠਾਗੇ ਜਾਹਿ ॥ ਜਿਨ ਕੈ ਰਾਮੁ ਵਸੈ ਮਨ ਮਾਹਿ ॥ ਤਿਥੈ
ਭਗਤ ਵਸਹਿ ਕੇ ਲੋਅ ॥ ਕਰਹਿ ਅਨੰਦੁ ਸਚਾ ਮਨਿ ਸੋਇ ॥ ਸਚ
ਖੰਡਿ ਵਸੈ ਨਿਰੰਕਾਰੁ ॥ ਕਰਿ ਕਰਿ ਵੇਖੈ ਨਦਰਿ ਨਿਹਾਲ ॥ ਤਿਥੈ
ਖੰਡ ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ ਅੰਤ ॥ ਤਿਥੈ ਲੋਅ
ਲੋਅ ਆਕਾਰ ॥ ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥ ਵੇਖੈ ਵਿਗਸੈ
ਕਰਿ ਵੀਚਾਰੁ ॥ ਨਾਨਕ ਕਥਨਾ ਕਰੜਾ ਸਾਰੁ ॥੩੭॥